JAGAT GURU NANAK DEV
PUNJAB STATE OPEN UNIVERSITY PATIALA
(Established by Act No.19 of 2019 of Legislature of the State of Punjab)

PSOU/PRO/2023/27

03 May 2023

**Special Lecture marks International Labour Day**

Jagat Guru Nanak Dev Punjab State Open University (JGND PSOU), Patiala organised a special lecture on 'Contemporary Issues in Labour Management Relations' to commemorate International Labour Day. Dr Sulakshna Dwivedi, Coordinator, School of Business Management and Commerce, delivered the lecture. She delved into the origins of Labour Day. Dr. Dwivedi's discussion on Labour Reforms encompassed issues related to Code of Wages, 2019; Industrial Relations Code, 2020; Social Security code, 2020 and Occupational Safety, Health and Working Conditions Code. She reiterated that simplification of complex archaic laws would provide a boost to industry and employment as well as modernise safety and working conditions regulations. She elaborated on the need to provide social security services to gig and platform workers.

Prof. Gurdip Singh Batra, Dean Academic Affairs, JGND PSOU, emphasized on adopting a futuristic approach to protect workers rights in the wake of automation.

Director
Public Relations Cell

Dean Academic Affairs

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ

# JAGAT GURU NANAK DEV
# PUNJAB STATE OPEN UNIVERSITY PATIALA

(Established by Act No.19 of 2019 of Legislature of the State of Punjab)

PSOU/PRO/2023/27 03 May 2023

## ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਸਬੰਧ ਵਿੱਚ ਵਿਸ਼ੇਸ਼ ਲੈਕਚਰ

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾਉਣ ਲਈ ' ਮਜ਼ਦੂਰ ਪ੍ਰਬੰਧਨ ਸਬੰਧਾਂ ਵਿੱਚ ਸਮਕਾਲੀ ਮੁੱਦੇ' ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਸਕੂਲ ਆਫ ਬਿਜ਼ਨਸ ਮੈਨੇਜਮੈਂਟ ਐਂਡ ਕਾਮਰਸ ਦੇ ਕੋਆਰਡੀਨੇਟਰ ਡਾ: ਸੁਲਕਸ਼ਨਾ ਦਿਵੇਦੀ ਨੇ ਭਾਸ਼ਣ ਦਿੱਤਾ। ਉਹਨਾਂ ਨੇ ਮਜ਼ਦੂਰ ਦਿਵਸ ਦੀ ਸ਼ੁਰੂਆਤ ਬਾਰੇ ਜਾਣਕਾਰੀ ਦਿੱਤੀ। ਕਿਰਤ ਸੁਧਾਰਾਂ 'ਤੇ ਡਾ. ਦਿਵੇਦੀ ਦੀ ਵਿਚਾਰ-ਵਟਾਂਦਰੇ ਵਿੱਚ ਮਜ਼ਦੂਰੀ ਕੋਡ, 2019 ਨਾਲ ਸਬੰਧਤ ਮੁੱਦਿਆਂ ਨੂੰ ਸ਼ਾਮਲ ਕੀਤਾ ਗਿਆ। ਉਹਨਾਂ ਨੇ ਕਿਹਾ ਕਿ ਗੁੰਝਲਦਾਰ ਪੁਰਾਤੱਤਵ ਕਾਨੂੰਨਾਂ ਨੂੰ ਸਰਲ ਬਣਾਉਣ ਨਾਲ ਉਦਯੋਗ ਅਤੇ ਰੁਜ਼ਗਾਰ ਨੂੰ ਹੁਲਾਰਾ ਮਿਲੇਗਾ ਅਤੇ ਨਾਲ ਹੀ ਸੁਰੱਖਿਆ ਅਤੇ ਕੰਮਕਾਜੀ ਹਾਲਤਾਂ ਦੇ ਨਿਯਮਾਂ ਦਾ ਆਧੁਨਿਕੀਕਰਨ ਹੋਵੇਗਾ। ਉਹਨਾਂ ਨੇ ਗਿਗ ਅਤੇ ਪਲੇਟਫਾਰਮ ਵਰਕਰਾਂ ਨੂੰ ਸਮਾਜਿਕ ਸੁਰੱਖਿਆ ਸੇਵਾਵਾਂ ਪ੍ਰਦਾਨ ਕਰਨ ਦੀ ਜ਼ਰੂਰਤ 'ਤੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਪ੍ਰੋ. ਗੁਰਦੀਪ ਸਿੰਘ ਬੱਤਰਾ, ਡੀਨ ਅਕਾਦਮਿਕ ਮਾਮਲੇ, ਓਪਨ ਯੂਨੀਵਰਸਿਟੀ, ਪਟਿਆਲਾ ਨੇ ਆਟੋਮੇਸ਼ਨ ਦੇ ਮੱਦੇਨਜ਼ਰ ਮਜ਼ਦੂਰਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਭਵਿੱਖਵਾਦੀ ਪਹੁੰਚ ਅਪਣਾਉਣ 'ਤੇ ਜ਼ੋਰ ਦਿੱਤਾ।

ਡਾਇਰੈਕਟਰ
ਲੋਕ ਸੰਪਰਕ ਸੈੱਲ

ਡੀਨ ਅਕਾਦਮਿਕ ਮਾਮਲੇ

ਸੈਮੀਨਾਰ | ਹਰ ਇਕ ਨੂੰ ਸਿੱਖਿਆ ਪ੍ਰਾਪਤ ਕਰਨ ਦਾ ਅਧਿਕਾਰ : ਉਪ ਕੁਲਪਤੀ

# ’ਵਰਸਿਟੀ ’ਚ ਕਰਵਾਇਆ ਸੈਮੀਨਾਰ

**ਪੱਤਰ ਪ੍ਰੇਰਕ, ਪਟਿਆਲਾ :** ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ‘ਸਿੱਖਿਆ ਸਭਨਾਂ ਲਈ’ ਵਿਸ਼ੇ ’ਤੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਆਪਣੇ ਸਵਾਗਤੀ ਸ਼ਬਦਾਂ ਵਿਚ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਇਹ ਸੈਮੀਨਾਰ ਇਸ ਲਈ ਮਹੱਤਵਪੂਰਣ ਹੈ ਕਿਉਂਕਿ ਇਸ ਵਿਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਪ੍ਰਮੁੱਖ ਉਦੇਸ਼ ਵਿਦਿਆ ਸਾਰਿਆ ਲਈ ਹੈ ਨੂੰ ਵਿਸਥਾਰਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਵੀ ਸਿੱਖਿਆ ਨੀਤੀ ਅਨੁਸਾਰ ਹਰ ਕਿਸੇ ਨੂੰ ਵਿੱਦਿਆ ਪ੍ਰਾਪਤ ਕਰਨ ਦਾ ਅਧਿਕਾਰ ਹੈ ਤਾਂ ਕਿ ਉਹ ਸਫਲ ਵਿਅਕਤੀ ਬਣੇ ਅਤੇ ਦੇਸ਼ ਦੇ ਵਿਕਾਸ ਵਿੱਚ ਮਦਦ ਕਰੇ। ਅਜਿਹੇ ਦੌਰ ਦੇ ਚਲਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਦੀ ਸਾਰਥਕਤਾ ਨੂੰ ਮੁੜ ਵਿਚਾਰਨ ਅਤੇ ਨਵੀ ਪੀੜ੍ਹੀ ਨੂੰ ਉਨ੍ਹਾਂ ਦੀ ਵਿਚਾਰਧਾਰਾ ਨਾਲ ਜੋੜਨ ਲਈ ਅਜਿਹੇ ਸੁਹਿਰਦ ਯਤਨਾ ਦੀ ਲੋੜ ਹੈ, ਜੋ ਉਨ੍ਹਾਂ ਦੇ ਜੀਵਨ-ਸਿਧਾਂਤਾਂ ਨੂੰ ਵਿਵਹਾਰਕ ਰੂਪ ਵਿਚ ਅਪਨਾਉਣ ਵਿਚ ਸਹਾਈ ਸਿੱਧ ਹੋ ਸਕਣ। ਇਸ ਸੈਮੀਨਾਰ ’ਚ ਪ੍ਰੋ. ਵਿਜੀਤਾ ਸਿੰਘ ਅਗਰਵਾਲ, ਡਾਇਰੈਕਟੋਰੇਟ ਆਫ਼ ਇੰਟਰਨੈਸ਼ਨਲ ਅਫੇਅਰਜ਼, ਗੁਰੂ ਗੋਬਿੰਦ ਸਿੰਘ ਇੰਦਰਪ੍ਰਸਥ ਯੂਨੀਵਰਸਿਟੀ, ਦਿੱਲੀ ਨੇ ਆਪਣੇ ਕੁੰਜੀਵਤ ਭਾਸ਼ਣ ਦੇ ਅੰਦਰ ਕਿਹਾ ਕਿ ਇਸ ਸਮੇਂ ਲੋੜ ਹੈ ਕਿ ਵਿਦਿਆਰਥੀਆਂ ਨੂੰ ਹੁਨਰ ਅਧਾਰਿਤ ਸਿੱਖਿਆ ਨਾਲ ਜੋੜਿਆ ਜਾਵੇ। ਸੈਮੀਨਾਰ ਦੇ ਮੁੱਖ ਮਹਿਮਾਨ ਪ੍ਰੋ. ਬੂਟਾ ਸਿੰਘ ਸਿੱਧੂ (ਉਪ ਕੁਲਪਤੀ) ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੇ ਕਿਹਾ ਕਿ ਆਨਲਾਈਨ ਸਿਖਲਾਈ ਦੇ ਦੌਰ ਵਿੱਚ ਵਿਦਿਆਰਥੀ ਚੰਗੀ ਜ਼ਿੰਦਗੀ ਜਿਊਣ ਲਈ ਮਹੱਤਵਪੂਰਨ ਹੁਨਰ ਵਿਕਸਿਤ ਕਰਨ ਜਿਵੇਂ ਸਮਾਂ ਪ੍ਰਬੰਧਨ ਹੁਨਰ, ਸਮੱਸਿਆ ਹੱਲ ਕਰਨ ਦੇ ਹੁਨਰ, ਸੋਚਣ ਦੇ ਹੁਨਰ, ਸਿੱਖਣ ਦੇ ਹੁਨਰ ਅਤੇ ਸੰਚਾਰ ਹੁਨਰ। ਇਸ ਸੈਮੀਨਾਰ ਦੇ ਵਿਸ਼ੇਸ਼ ਮਹਿਮਾਨ ਡਾ. ਬੀਐੱਸ ਭਾਟੀਆ (ਪ੍ਰੋ. ਵਾਈਸ ਚਾਂਸਲਰ), ਰਿਮਟ ਯੂਨੀਵਰਸਿਟੀ ਨੇ ਕਿਹਾ ਕਿ ਸਿੱਖਿਆ ਮਨੁੱਖੀ ਅਧਿਕਾਰਾਂ ਦੇ ਵਿਕਾਸ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ। ਇਹ ਗਰੀਬੀ ਨੂੰ ਘਟਾਉਣ, ਸਿਹਤ ਸੁਧਾਰ, ਸਮਾਨਤਾ, ਸ਼ਾਂਤੀ ਅਤੇ ਸਥਿਰਤਾ ਵਿੱਚ ਸੁਧਾਰ ਲਈ ਸਭ ਤੋਂ ਮਜ਼ਬੂਤ ਸਾਧਨਾਂ ਵਿੱਚੋਂ ਇੱਕ ਹੈ।



ਸੈਮੀਨਾਰ ਦੌਰਾਨ ਮੌਜੂਦ ਵੱਖ-ਵੱਖ ਸਖਸ਼ੀਅਤਾਂ।

---

ਅਜੀਤ, ਚੰਡੀਗੜ੍ਹ
ਪਟਿਆਲਾ ਅਜੀਤ 6
ਸ਼ਨਿਚਰਵਾਰ, 20 ਮਈ 2023

# ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ ‘ਸਭਨਾਂ ਲਈ ਸਿੱਖਿਆ’ ਵਿਸ਼ੇ ’ਤੇ ਕਰਵਾਇਆ ਸੈਮੀਨਾਰ

ਪਟਿਆਲਾ, 19 ਮਈ (ਗੁਰਵਿੰਦਰ ਸਿੰਘ ਔਲਖ)-ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਲੋਂ ‘ਸਿੱਖਿਆ ਸਭਨਾਂ ਲਈ’ ਵਿਸ਼ੇ ’ਤੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਆਪਣੇ ਸਵਾਗਤੀ ਸ਼ਬਦਾਂ ਵਿਚ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਲੋਂ ਇਹ ਸੈਮੀਨਾਰ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਇਸ ਵਿਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਪ੍ਰਮੁੱਖ ਉਦੇਸ਼ ਵਿੱਦਿਆ ਸਾਰਿਆ ਲਈ ਹੈ ਨੂੰ ਵਿਸਥਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੀ ਸਿੱਖਿਆ ਨੀਤੀ ਅਨੁਸਾਰ ਹਰ ਕਿਸੇ ਨੂੰ ਵਿੱਦਿਆ ਪ੍ਰਾਪਤ ਕਰਨ ਦਾ ਅਧਿਕਾਰ ਹੈ ਤਾਂ ਕਿ ਉਹ ਸਫਲ ਵਿਅਕਤੀ ਬਣੇ ਅਤੇ ਦੇਸ਼ ਦੇ ਵਿਕਾਸ ਵਿਚ ਮਦਦ ਕਰੇ। ਅਜਿਹੇ ਦੌਰ ਦੇ ਚੱਲਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਦੀ ਸਾਰਥਿਕਤਾ ਨੂੰ ਮੁੜ ਵਿਚਾਰਨ ਅਤੇ ਨਵੀ ਪੀੜ੍ਹੀ ਨੂੰ ਉਨ੍ਹਾਂ ਦੀ ਵਿਚਾਰਧਾਰਾ ਨਾਲ ਜੋੜਨ ਲਈ ਅਜਿਹੇ ਸੁਹਿਰਦ ਯਤਨਾਂ ਦੀ ਲੋੜ ਹੈ, ਜੋ ਉਨ੍ਹਾਂ ਦੇ ਜੀਵਨ-ਸਿਧਾਂਤਾਂ ਨੂੰ ਵਿਵਹਾਰਿਕ ਰੂਪ ਵਿਚ ਅਪਣਾਉਣ ਵਿਚ ਸਹਾਈ ਸਿੱਧ ਹੋ ਸਕਣ। ਇਸ ਸੈਮੀਨਾਰ ਵਿਚ ਪ੍ਰੋ. ਵਿਜੀਤਾ ਸਿੰਘ ਅਗਰਵਾਲ, ਡਾਇਰੈਕਟੋਰੇਟ ਆਫ਼ ਇੰਟਰਨੈਸ਼ਨਲ ਅਫੇਅਰਜ਼, ਗੁਰੂ ਗੋਬਿੰਦ ਸਿੰਘ ਇੰਦਰਪ੍ਰਸਥ ਯੂਨੀਵਰਸਿਟੀ, ਦਿੱਲੀ ਨੇ ਆਪਣੇ ਕੁੰਜੀਵਤ ਭਾਸ਼ਣ ਦੇ ਅੰਦਰ ਕਿਹਾ ਕਿ ਇਸ ਸਮੇਂ ਲੋੜ ਹੈ ਕਿ ਵਿਦਿਆਰਥੀਆਂ ਨੂੰ ਹੁਨਰ ਆਧਾਰਿਤ ਸਿੱਖਿਆ ਨਾਲ ਜੋੜਿਆ ਜਾਵੇ। ਜਿਸ ਵਿਚ ਆਨਲਾਈਨ ਸਿਖਲਾਈ ਵਿਦਿਆਰਥੀਆਂ ਨੂੰ ਨਵੀਆਂ ਚੀਜ਼ਾਂ ਸਿੱਖਣ ਵਿਚ ਮਦਦ ਕਰੇਗੀ, ਇਸ ਨਾਲ ਉਹ ਆਨਲਾਈਨ ਸਿਖਲਾਈ ਵਿਚ ਬਹੁਤ ਸਾਰੀਆਂ ਚੀਜ਼ਾਂ ਸਿੱਖ ਸਕਦੇ ਹਨ। ਸੈਮੀਨਾਰ ਦੇ ਮੁੱਖ ਮਹਿਮਾਨ ਪ੍ਰੋ. ਬੂਟਾ ਸਿੰਘ ਸਿੱਧੂ (ਉਪ ਕੁਲਪਤੀ) ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਅਤੇ ਵਿਸ਼ੇਸ਼ ਮਹਿਮਾਨ ਡਾ. ਬੀ.ਐਸ. ਭਾਟੀਆ (ਪ੍ਰੋ.ਵਾਈਸ ਚਾਂਸਲਰ), ਰਿਮਟ ਯੂਨੀਵਰਸਿਟੀ ਨੇ ਕਿਹਾ ਕਿ ਆਨਲਾਈਨ ਸਿਖਲਾਈ ਦੇ ਦੌਰ ਵਿਚ ਵਿਦਿਆਰਥੀ ਚੰਗੀ ਜ਼ਿੰਦਗੀ ਜਿਊਣ ਲਈ ਮਹੱਤਵਪੂਰਨ ਹੁਨਰ ਵਿਕਸਿਤ ਕਰਨ ਜਿਵੇਂ ਸਮਾਂ ਪ੍ਰਬੰਧਨ ਹੁਨਰ, ਸਮੱਸਿਆ ਹੱਲ ਕਰਨ ਦੇ ਹੁਨਰ, ਸੋਚਣ ਦੇ ਹੁਨਰ, ਸਿੱਖਣ ਦੇ ਹੁਨਰ ਅਤੇ ਸੰਚਾਰ ਹੁਨਰ। ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਸਿੱਖਿਆ ਦੇ ਖੇਤਰ ਵਿਚ ਅਜਿਹੇ ਹੀ ਹੁਨਰਾਂ ਨੂੰ ਵਿਕਸਿਤ ਕਰ ਰਹੀ ਹੈ। ਉਦਘਾਟਨੀ ਸ਼ੈਸ਼ਨ ਵਿਚ ਡਾ. ਗੁਰਦੀਪ ਸਿੰਘ ਬੱਤਰਾ (ਡੀਨ ਅਕਾਦਮਿਕ ਮਾਮਲੇ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ) ਨੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ,ਪਟਿਆਲਾ ਵਲੋਂ ਇਸ ਸੈਮੀਨਾਰ ਨੂੰ ਆਯੋਜਿਤ ਕਰਨ ਦਾ ਉਦੇਸ਼ ਸਾਰਿਆਂ ਨੂੰ ਸਿੱਖਿਆ ਦੇ ਮਹੱਤਵ ਬਾਰੇ ਦੱਸਣਾ ਹੈ। ਇਸ ਸ਼ੈਸ਼ਨ ਵਿਚ ਪਰਮਪ੍ਰੀਤ ਕੌਰ ਨੇ ਸਮੁੱਚੇ ਸੈਮੀਨਾਰ ਦੀ ਰਿਪੋਟ ਪੇਸ਼ ਕੀਤੀ।ਡਾ.ਕਰਮਜੀਤ ਸਿੰਘ (ਵਾਇਸ ਚਾਂਸਲਰ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ) ਨੇ ਇਸ ਸ਼ੈਸ਼ਨ ਦੀ ਪ੍ਰਧਾਨਗੀ ਕੀਤੀ।ਵਾਈਸ ਚਾਂਸਲਰ ਲੈਫਟੀਨੈਂਟ ਜਰਨਲ ਜਗਬੀਰ ਸਿੰਘ ਚੀਮਾ (ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ) ਨੇ ਵਿਦਾਇਗੀ ਭਾਸ਼ਣ ਵਿਚ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਸਿੱਖਿਆ ਨੂੰ ਠੀਕ ਕਰਨ ਲਈ ਯਤਨ ਕੀਤੇ ਜਾਣ।ਸਿੱਖਿਆ ਨੂੰ ਪ੍ਰਾਪਤ ਕਰਨ, ਬਿਹਤਰ, ਬਰਾਬਰ ਅਤੇ ਲਚਕੀਲੀ ਸਿੱਖਿਆ ਪ੍ਰਣਾਲੀ ਦਾ ਨਿਰਮਾਣ ਕਰਕੇ ਸਿੱਖਿਆ ਨੂੰ ਪ੍ਰਸਾਰਿਤ ਕੀਤਾ ਜਾਵੇ। ਡਾ. ਪਿੰਕੀ ਨੇ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਸਮੁੱਚੇ ਸੈਮੀਨਾਰ ਦੇ ਕਨਵੀਨਰ ਪਰਮਪ੍ਰੀਤ ਕੌਰ ਸਨ।



ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਿਖੇ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ

# ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ 'ਸਭਨਾਂ ਲਈ ਸਿੱਖਿਆ' ਵਿਸ਼ੇ 'ਤੇ ਕਰਵਾਇਆ ਸੈਮੀਨਾਰ



ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੇ 'ਸਭਨਾਂ ਲਈ ਸਿੱਖਿਆ' ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਦਾ ਦ੍ਰਿਸ਼। (ਸੁੰਦਰ)

ਪਟਿਆਲਾ, 19 ਮਈ (ਰਾਜੇਸ਼ ਪੰਜੌਲਾ)- ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ 'ਸਿੱਖਿਆ ਸਭਨਾਂ ਲਈ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਆਪਣੇ ਸਵਾਗਤੀ ਸ਼ਬਦਾਂ 'ਚ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਇਹ ਸੈਮੀਨਾਰ ਇਸ ਲਈ ਮਹੱਤਵਪੂਰਣ ਹੈ ਕਿਉਂਕਿ ਇਸ 'ਚ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਪ੍ਰਮੁੱਖ ਉਦੇਸ਼ ਵਿੱਦਿਆ ਸਾਰਿਆਂ ਲਈ ਹੈ, ਨੂੰ ਵਿਸਥਾਰਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ ਅਨੁਸਾਰ ਹਰ ਕਿਸੇ ਨੂੰ ਵਿੱਦਿਆ ਪ੍ਰਾਪਤ ਕਰਨ ਦਾ ਅਧਿਕਾਰ ਹੈ ਤਾਂ ਕਿ ਉਹ ਸਫਲ ਵਿਅਕਤੀ ਬਣੇ ਅਤੇ ਦੇਸ਼ ਦੇ ਵਿਕਾਸ 'ਚ ਮਦਦ ਕਰੇ। ਅਜਿਹੇ ਦੌਰ ਦੇ ਚਲਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਦੀ ਸਾਰਥਕਤਾ ਨੂੰ ਮੁੜ ਵਿਚਾਰਨ ਅਤੇ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੀ ਵਿਚਾਰਧਾਰਾ ਨਾਲ ਜੋੜਨ ਲਈ ਅਜਿਹੇ ਸੁਹਿਰਦ ਯਤਨਾਂ ਦੀ ਲੋੜ ਹੈ, ਜੋ ਉਨ੍ਹਾਂ ਦੇ ਜੀਵਨ-ਸਿਧਾਂਤਾਂ ਨੂੰ ਵਿਵਹਾਰਕ ਰੂਪ 'ਚ ਅਪਨਾਉਣ 'ਚ ਸਹਾਈ ਸਿੱਧ ਹੋ ਸਕਣ।

ਸੈਮੀਨਾਰ 'ਚ ਪ੍ਰੋ. ਵਿਜੀਤਾ ਸਿੰਘ ਅਗਰਵਾਲ, ਡਾਇਰੈਕਟੋਰੇਟ ਆਫ਼ ਇੰਟਰਨੈਸ਼ਨਲ ਅਫੇਅਰਜ਼, ਗੁਰੂ ਗੋਬਿੰਦ ਸਿੰਘ ਇੰਦਰਪ੍ਰਸਥ ਯੂਨੀਵਰਸਿਟੀ, ਦਿੱਲੀ ਨੇ ਆਪਣੇ ਕੁੰਜੀਵਤ ਭਾਸ਼ਣ 'ਚ ਕਿਹਾ ਕਿ ਇਸ ਸਮੇਂ ਲੋੜ ਹੈ ਕਿ ਵਿਦਿਆਰਥੀਆਂ ਨੂੰ ਹੁਨਰ ਆਧਾਰਿਤ ਸਿੱਖਿਆ ਨਾਲ ਜੋੜਿਆ ਜਾਵੇ, ਜਿਸ 'ਚ ਆਨਲਾਈਨ ਸਿਖਲਾਈ ਵਿਦਿਆਰਥੀਆਂ ਨੂੰ ਨਵੀਆਂ ਚੀਜ਼ਾਂ ਸਿੱਖਣ 'ਚ ਮਦਦ ਕਰੇਗੀ। ਇਸ ਨਾਲ ਉਹ ਆਨਲਾਈਨ ਸਿਖਲਾਈ 'ਚ ਬਹੁਤ ਸਾਰੀਆਂ ਚੀਜ਼ਾਂ ਸਿੱਖ ਸਕਦੇ ਹਨ। ਤਕਨਾਲੋਜੀ 'ਚ ਤਰੱਕੀ ਨੇ ਸਿੱਖਿਆ ਪ੍ਰਣਾਲੀ 'ਚ ਸੁਧਾਰ ਕਰਨ 'ਚ ਮਦਦ ਕੀਤੀ ਹੈ, ਆਨਲਾਈਨ ਸਿਖਲਾਈ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਦਾਨ ਕਰਨ ਦਾ ਸਭ ਤੋਂ ਵਧੀਆ ਤਰੀਕਾ ਸਾਬਤ ਹੋਇਆ ਹੈ। ਇਸ ਸੰਦਰਭ 'ਚ ਆਯੋਜਿਤ ਇਹ ਸੈਮੀਨਾਰ ਵੀ ਜਨ-ਜਨ ਤੱਕ ਆਨਲਾਈਨ ਸਿਖਲਾਈ ਦੇ ਸੰਦੇਸ਼ ਨੂੰ ਪਹੁੰਚਾਵੇਗਾ।

ਮੁੱਖ ਮਹਿਮਾਨ ਪ੍ਰੋ. ਬੂਟਾ ਸਿੰਘ ਸਿੱਧੂ (ਵਾਈਸ ਚਾਂਸਲਰ) ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੇ ਕਿਹਾ ਕਿ ਆਨਲਾਈਨ ਸਿਖਲਾਈ ਦੇ ਦੌਰ 'ਚ ਵਿਦਿਆਰਥੀ ਚੰਗੀ ਜ਼ਿੰਦਗੀ ਜਿਊਣ ਲਈ ਮਹੱਤਵਪੂਰਨ ਹੁਨਰ ਵਿਕਸਿਤ ਕਰਨ ਜਿਵੇਂ ਸਮਾਂ ਪ੍ਰਬੰਧਨ ਹੁਨਰ, ਸਮੱਸਿਆ ਹੱਲ ਕਰਨ ਦੇ ਹੁਨਰ, ਸੋਚਣ ਦੇ ਹੁਨਰ, ਸਿੱਖਣ ਦੇ ਹੁਨਰ ਅਤੇ ਸੰਚਾਰ ਹੁਨਰ। ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਸਿੱਖਿਆ ਦੇ ਖੇਤਰ 'ਚ ਅਜਿਹੇ ਹੀ ਹੁਨਰਾਂ ਨੂੰ ਵਿਕਸਿਤ ਕਰ ਰਹੀ ਹੈ।

ਸੈਮੀਨਾਰ ਦੇ ਵਿਸ਼ੇਸ਼ ਮਹਿਮਾਨ ਡਾ. ਬੀ. ਐੱਸ. ਭਾਟੀਆ (ਪ੍ਰੋ. ਵਾਈਸ ਚਾਂਸਲਰ), ਰਿਮਟ ਯੂਨੀਵਰਸਿਟੀ ਨੇ ਕਿਹਾ ਕਿ ਸਿੱਖਿਆ ਮਨੁੱਖੀ ਅਧਿਕਾਰਾਂ ਦੇ ਵਿਕਾਸ ਦਾ ਇਕ ਸ਼ਕਤੀਸ਼ਾਲੀ ਸਾਧਨ ਹੈ। ਇਹ ਗਰੀਬੀ ਨੂੰ ਘਟਾਉਣ, ਸਿਹਤ ਸੁਧਾਰ, ਸਮਾਨਤਾ, ਸ਼ਾਂਤੀ ਅਤੇ ਸਥਿਰਤਾ ਵਿੱਚ ਸੁਧਾਰ ਲਈ ਸਭ ਤੋਂ ਮਜ਼ਬੂਤ ਸਾਧਨਾਂ 'ਚੋਂ ਇਕ ਹੈ। ਲੋਕਾਂ ਦੀ ਸਿੱਖਿਆ 'ਚ ਸਮਾਰਟ ਅਤੇ ਪ੍ਰਭਾਵਸ਼ਾਲੀ ਨਿਵੇਸ਼ ਕਰਨਾ ਮਨੁੱਖੀ ਪੂੰਜੀ ਦੇ ਵਿਕਾਸ ਲਈ ਮਹੱਤਵਪੂਰਨ ਹੈ, ਜੋ ਅਤਿ ਦੀ ਗਰੀਬੀ ਨੂੰ ਖਤਮ ਕਰੇਗੀ।

ਉਦਘਾਟਨੀ ਸ਼ੈਸ਼ਨ 'ਚ ਡਾ. ਗੁਰਦੀਪ ਸਿੰਘ ਬੱਤਰਾ (ਡੀਨ ਅਕਾਦਮਿਕ ਮਾਮਲੇ ਨੇ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਯੂਨੀਵਰਸਿਟੀ ਵੱਲੋਂ ਸੈਮੀਨਾਰ ਨੂੰ ਆਯੋਜਿਤ ਕਰਨ ਦਾ ਉਦੇਸ਼ ਸਾਰਿਆਂ ਨੂੰ ਸਿੱਖਿਆ ਦੇ ਮਹੱਤਵ ਬਾਰੇ ਦੱਸਣਾ ਹੈ। ਸੈਮੀਨਾਰ ਦੇ ਦੂਸਰੇ ਭਾਗ ਟੈਕਨੀਕਲ ਸ਼ੈਸ਼ਨ 'ਚ ਪੇਪਰ ਪੇਸ਼ ਕੀਤੇ ਗਏ, ਜਿਸ ਦੀ ਪ੍ਰਧਾਨਗੀ ਡਾ. ਅਨੀਤਾ ਗਿੱਲ ਅਤੇ ਡਾ. ਨੈਨਾ ਨੇ ਸਾਂਝੇ ਤੌਰ 'ਤੇ ਕੀਤੀ।

ਅਖ਼ੀਰ 'ਚ ਵਿਦਾਇਗੀ ਸ਼ੈਸ਼ਨ ਕੀਤਾ ਗਿਆ। ਸ਼ੈਸ਼ਨ 'ਚ ਪਰਮਪ੍ਰੀਤ ਕੌਰ ਨੇ ਸਮੁੱਚੇ ਸੈਮੀਨਾਰ ਦੀ ਰਿਪੋਟ ਪੇਸ਼ ਕੀਤੀ ਡਾ. ਕਰਮਜੀਤ ਸਿੰਘ (ਵਾਈਸ ਚਾਂਸਲਰ) ਨੇ ਇਸ ਸ਼ੈਸ਼ਨ ਦੀ ਪ੍ਰਧਾਨਗੀ ਕੀਤੀ। ਵਾਈਸ ਚਾਂਸਲਰ ਲੈਫਟੀਨੈਂਟ ਜਰਨਲ ਜਗਬੀਰ ਸਿੰਘ ਚੀਮਾ (ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ) ਨੇ ਵਿਦਾਇਗੀ ਭਾਸ਼ਣ 'ਚ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਸਿੱਖਿਆ ਨੂੰ ਠੀਕ ਕਰਨ ਲਈ ਯਤਨ ਕੀਤੇ ਜਾਣ। ਡਾ. ਪਿੰਕੀ ਨੇ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਸਮੁੱਚੇ ਸੈਮੀਨਾਰ ਦੇ ਕਨਵੀਨਰ ਪਰਮਪ੍ਰੀਤ ਕੌਰ ਸਨ।






Punjab State Open University, Patiala
Organizes
National Seminar
Sponsored by
Indian Council of Social Science Research (ICSSR)
N. W. Regional Centre, Chandigarh
On
Education for All: Issues, Challenges and Concerns
May 19, 2023
Organized by


JAGAT GURU NANAK DEV
PUNJAB STATE OPEN UNIVERSITY
PATIALA
(ACADEMIC BLOCK)






Azadi Ka Amrit Mahotsav
Indian Council of Social Science Research
Jagat Guru Nanak Dev
Organizes
Sponsored by